# ਕਣਕ ਦੇ ਅਗਾਮੀ ਸੀਜ਼ਨ ਨੂੰ ਆਪਸੀ ਤਾਲਮੇਲ ਅਤੇ ਪੂਰੀ ਜਿੰਮੇਵਾਰੀ ਨਾਲ ਨੇਪਰੇ ਚੜ੍ਹਾਉਣਾ ਯਕੀਨੀ ਬਣਾਉਣ ਅਧਿਕਾਰੀ-ਡਿਪਟੀ ਕਮਿਸ਼ਨਰ

- **'ਰਾਸ਼ਟਰੀ ਗਰੀਨ ਟ੍ਰਿਬਿਊਨਲ' ਤਹਿਤ ਕਣਕ ਦੇ ਨਾੜ ਨੂੰ ਅੱਗ ਲਗਾਉਣ ਵਾਲੇ ਕਿਸਾਨਾਂ ਖਿਲਾਫ਼ ਸਖਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ**
- **ਸਬੰਧਤ ਅਧਿਕਾਰੀਆਂ ਨੂੰ ਲੋੜੀਂਦੇ ਪ੍ਰਬੰਧ ਸਮਾਂ ਰਹਿੰਦੇ ਮੁਕੰਮਲ ਕਰ ਲੈਣ ਦੇ ਦਿੱਤੇ ਆਦੇਸ਼**
- **ਡਿਪਟੀ ਕਮਿਸ਼ਨਰ ਨੇ ਕਣਕ ਦੇ ਸੁਚਾਰੂ ਖ੍ਰੀਦ ਪ੍ਰਬੰਧਾਂ ਸਬੰਧੀ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਦੀ ਕੀਤੀ ਪ੍ਰਧਾਨਗੀ**

ਮੋਗਾ 22 ਮਾਰਚ:

ਕਣਕ ਦੇ ਅਗਾਮੀ ਸੀਜ਼ਨ ਨੂੰ ਸਬੰਧਤ ਅਧਿਕਾਰੀ ਆਪਸੀ ਤਾਲਮੇਲ ਅਤੇ ਪੂਰੀ ਜ਼ਿੰਮੇਵਾਰੀ ਨਾਲ ਨੇਪਰੇ ਚੜ੍ਹਾਉਣ ਨੂੰ ਯਕੀਨੀ ਬਣਾਉਣ।

ਇਹ ਆਦੇਸ਼ ਡਿਪਟੀ ਕਮਿਸ਼ਨਰ ਮੋਗਾ ਸ੍ਰੀ ਪ੍ਰਵੀਨ ਕੁਮਾਰ ਥਿੰਦ ਨੇ ਕਣਕ ਦੇ ਸੁਚਾਰੂ ਖ੍ਰੀਦ ਪ੍ਰਬੰਧਾਂ ਸਬੰਧੀ ਵੱਖ-ਵੱਖ ਖ੍ਰੀਦ ਏਜੰਸੀਆਂ, ਜ਼ਿਲ੍ਹਾ ਮੰਡੀ ਅਫ਼ਸਰ, ਜ਼ਿਲ੍ਹਾ ਖੁਰਾਕ ਤੇ ਸਪਲਾਈ ਕੰਟਰੋਲਰ ਅਤੇ ਹੋਰ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਕੀਤਾ।ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਅਜੇ ਕੁਮਾਰ ਸੂਦ ਵੀ ਮੌਜੂਦ ਸਨ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਕਣਕ ਦੀ ਖ੍ਰੀਦ ਪ੍ਰਕਿਰਿਆ 1 ਅਪ੍ਰੈਲ ਤੋਂ ਸ਼ੁਰੂ ਹੋਣ ਵਾਲੀ ਹੈ।ਉਨ੍ਹਾਂ ਕਿਹਾ ਕਿ ਕਣਕ ਦੇ ਇਸ ਸੀਜ਼ਨ ਦੌਰਾਨ ਖ੍ਰੀਦ ਪ੍ਰਬੰਧਾਂ ਨੂੰ ਸਬੰਧਤ ਅਧਿਕਾਰੀ ਸੁਚਾਰੂ ਢੰਗ ਨਾਲ ਸਫ਼ਲਤਾ ਪੂਰਵਿਕ ਨੇਪਰੇ ਚੜ੍ਹਾਉਣ ਨੂੰ ਯਕੀਨੀ ਬਣਾਉਣ, ਤਾਂ ਕਿ ਕਣਕ ਦੇ ਸ਼ੀਜ਼ਨ ਦੌਰਾਨ ਕਿਸਾਨਾਂ ਨੂੰ ਕਿਸੇ ਵੀ ਸਮੱਸਿਆ ਦਾ ਸਾਹਮਣਾ ਨਾ ਕਰਨਾ ਪਵੇ।ਉਨ੍ਹਾਂ ਸਬੰਧਤ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਜ਼ਿਲ੍ਹੇ ਦੀਆਂ ਸਮੂਹ ਮੰਡੀਆਂ ਵਿੱਚ ਫੜ੍ਹਾਂ ਦੀ ਸਫ਼ਾਈ, ਬਿਜਲੀ, ਪਾਣੀ ਹੋਰ ਲੋੜੀਂਦੇ ਪ੍ਰਬੰਧ ਸਮਾਂ ਰਹਿੰਦੇ ਮੁਕੰਮਲ ਕਰ ਲਏ ਜਾਣ। ਉਨ੍ਹਾਂ ਜ਼ਿਲ੍ਹੇ ਦੇ ਸਮੂਹ ਉਪ ਮੰਡਲ ਮੈਜਿਸਟ੍ਰੇਟਾਂ ਨੂੰ ਤਹਿਸੀਲ ਪੱਧਰ 'ਤੇ ਕਣਕ ਦੇ ਅਗਾਊ ਪ੍ਰਬੰਧਾਂ ਦਾ ਨਿਰੀਖਣ ਕਰਨ ਦੀ ਹਦਾਇਤ ਕੀਤੀ, ਤਾਂ ਜੋ ਪੰਜਾਬ ਸਰਕਾਰ ਦੇ ਨਿਯਮਾਂ ਅਤੇ ਹਦਾਇਤਾਂ ਨੂੰ ਧਿਆਨ 'ਚ ਰੱਖ ਕੇ ਕਣਕ ਦੇ ਖ੍ਰੀਦ ਸੀਜ਼ਨ ਨੂੰ ਪੂਰੇ ਪਾਰਦਰਸ਼ੀ ਢੰਗ ਨਾਲ ਨੇਪਰੇ ਚੜ੍ਹਾਇਆ ਜਾ ਸਕੇ।

ਬਾਅਦ ਵਿੱਚ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜ਼ਿਲ੍ਹੇ ਵਿੱਚ ਵਾਤਾਵਰਣ ਨੂੰ ਪ੍ਰਦੂਸ਼ਣ ਮੁਕਤ ਕਰਨ ਲਈ 'ਰਾਸ਼ਟਰੀ ਗਰੀਨ ਟ੍ਰਿਬਿਊਨਲ' ਵੱਲੋਂ ਜਾਰੀ ਦਿਸ਼ਾ ਨਿਰਦੇਸ਼ਾਂ ਨੂੰ ਸਖਤੀ ਨਾਲ ਲਾਗੂ ਕੀਤਾ ਜਾਵੇਗਾ। ਉਨ੍ਹਾਂ ਕਿਸਾਨਾਂ ਨੂੰ ਕਣਕ ਦੇ ਨਾੜ ਨੂੰ ਅੱਗ ਨਾ ਲਗਾਉਣ ਦੀ ਅਪੀਲ ਕੀਤੀ ਅਤੇ ਕਿਹਾ ਕਿ ਜ਼ਿਲ੍ਹੇ ਵਿੱਚ ਕਣਕ ਦੀ ਕਟਾਈ ਤੋਂ ਬਾਅਦ ਕਣਕ ਦੇ ਨਾੜ ਨੂੰ ਅੱਗ ਲਗਾਉਣ ਵਾਲੇ ਕਿਸਾਨ ਜਾਂ ਜ਼ਿਮੀਂਦਾਰ ਜਾਂ ਕਾਸ਼ਤਕਾਰ ਖਿਲਾਫ਼ ਸਖਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਉਨ੍ਹਾਂ ਇਸ ਮੰਤਵ ਲਈ ਜ਼ਿਲ੍ਹੇ ਦੇ ਕਿਸਾਨਾਂ ਤੇ ਜ਼ਿਮੀਂਦਾਰਾਂ ਤੋਂ ਸਹਿਯੋਗ ਦੀ ਮੰਗ ਵੀ ਕੀਤੀ। ਉਨ੍ਹਾਂ ਕਿਹਾ ਕਿ ਨਾੜ ਸਾੜਨ ਤੋਂ ਪੈਦਾ ਹੋਣ ਵਾਲੇ ਜ਼ਹਿਰੀਲੇ ਧੂੰਏ ਕਾਰਣ ਮਨੁੱਖ, ਬਨਸਪਤੀ, ਜਾਨਵਰਾਂ ਤੇ ਪੰਛੀਆਂ 'ਤੇ ਪੈਣ ਵਾਲੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕਤਾ ਪੈਦਾ ਕਰਨ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਕਣਕ ਦੇ ਨਾੜ ਨੂੰ ਅੱਗ ਲਗਾਉਣ ਤੋਂ ਰੋਕਣ ਲਈ ਸਬ-ਡਵੀਜ਼ਨ ਪੱਧਰ 'ਤੇ ਟੀਮਾਂ ਗਠਿਤ ਕੀਤੀਆਂ

ਜਾਣਗੀਆਂ, ਜੋ ਕਿ ਫ਼ਸਲ ਦੀ ਰਹਿੰਦ-ਖੂੰਹਦ ਨੂੰ ਸਾੜਨ ਸਬੰਧੀ ਸੂਚਨਾ ਮਿਲਦੇ ਸਾਰ ਹੀ ਘਟਨਾ ਸਥਾਨ 'ਤੇ ਪਹੁੰਚਣਗੀਆਂ ਅਤੇ ਉਲੰਘਣਾ ਕਰਨ ਵਾਲੇ ਖਿਲਾਫ਼ ਬਣਦੀ ਸਖ਼ਤ ਕਾਰਵਾਈ ਨੂੰ ਅਮਲ ਵਿੱਚ ਲਿਆਂਦਾ ਜਾਵੇ।

ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਸਹਾਇਕ ਕਮਿਸ਼ਨਰ ਡਾ: ਪਾਲਿਕਾ ਅਰੋੜਾ, ਐਸ.ਡੀ.ਐਮ ਮੋਗਾ ਚਰਨਦੀਪ ਸਿੰਘ, ਐਸ.ਡੀ.ਐਮ ਧਰਮਕੋਟ ਜਸਪਾਲ ਸਿੰਘ ਗਿੱਲ, ਕਮਿਸ਼ਨਰ ਨਗਰ ਨਿਗਮ ਹਰਚਰਨ ਸਿੰਘ, ਜ਼ਿਲ੍ਹਾ ਮੰਡੀ ਅਫ਼ਸਰ ਜਸਵੀਰ ਕੌਰ, ਜ਼ਿਲ੍ਹਾ ਖੁਰਾਕ ਤੇ ਸਪਲਾਈ ਕੰਟਰੋਲਰ ਰਜਨੀਸ਼ ਕੁਮਾਰੀ, ਕਾਰਜਕਾਰੀ ਇੰਜੀਨੀਅਰ ਪੰਜਾਬ ਮੰਡੀ ਬੋਰਡ ਬਲਵਿੰਦਰ ਸਿੰਘ, ਤਹਿਸੀਲਦਾਰ ਮੋਗਾ ਪਵਨ ਕੁਮਾਰ ਗੁਲਾਟੀ, ਤਹਿਸੀਲਦਾਰ ਨਿਹਾਲ ਸਿੰਘ ਵਾਲਾ ਸੀਸ਼ਪਾਲ, ਤਹਿਸੀਲਦਾਰ ਬਾਘਾਪੁਰਾਣਾ ਰਮੇਸ਼ ਕੁਮਾਰ, ਵੱਖ-ਵੱਖ ਵਿਭਾਗਾਂ ਤੇ ਖ਼ੀਦ ਏਜੰਸੀਆਂ ਦੇ ਅਧਿਕਾਰੀ ਅਤੇ ਲੇਬਰ ਯੂਨੀਅਨ ਦੇ ਅਹੁਦੇਦਾਰ ਹਾਜ਼ਰ ਸਨ।

------------

ਨੰ: ਪੀ.ਆਰ(ਪ੍ਰੈ ਰੀ)2017/161





